# ਦਾਖ਼ਲਾ ਪ੍ਰੀਖਿਆ ਮੁਲਤਵੀ

ਖਮਾਣੋਂ, 8 ਫਰਵਰੀ (ਜੋਗਿੰਦਰ ਪਾਲ)-ਜਵਾਹਰ ਨਵੋਦਿਆ ਵਿਦਿਆਲਾ ਫਰੌਰ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਖੇ ਛੇਵੀਂ ਜਮਾਤ ਦੇ ਦਾਖ਼ਲੇ ਲਈ ਦਾਖਲਾ ਚੋਣ ਪ੍ਰੀਖਿਆ ਜੋ ਮਿਤੀ 10 ਫਰਵਰੀ 2018 ਨੂੰ ਹੋਣ ਜਾ ਰਹੀ ਸੀ, ਕੁਝ ਪ੍ਰਸ਼ਾਸਨਿਕ ਕਾਰਨਾਂ ਕਰਕੇ ਮੁਲਤਵੀ ਕੀਤੀ ਜਾ ਰਹੀ ਹੈ। ਸਕੂਲ ਦੇ ਪ੍ਰਿੰਸੀਪਲ ਨੇ ਇਸ ਸਬੰਧੀ ਲਿਖਤੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਬੰਧੀ ਅਗਲੀ ਮਿਤੀ ਬਾਰੇ ਬਾਅਦ 'ਚ ਸੂਚਿਤ ਕੀਤਾ ਜਾਵੇਗਾ ਅਤੇ ਉਨ੍ਹਾਂ ਕਿਹਾ ਕਿ ਸਬੰਧਿਤ ਬਲਾਕ ਸਿੱਖਿਆ ਅਫ਼ਸਰ, ਸਕੂਲਾਂ ਦੇ ਮੁਖੀ ਤੇ ਸਮੂਹ ਵਿਦਿਆਰਥੀ ਨੋਟ ਕਰ ਲੈਣ।

Scanned by CamScanner